**Vigilance Bureau Punjab**

# VIGILANCE NABS DOCTOR FOR TAKING BRIBE OF RS. 10,000/-

Chandigarh, June 26: State Vigilance Bureau today arrested a doctor for accepting bribe Rs. 10,000/-.

Disclosing this here an official spokesperson of the Vigilance Bureau said Doctor Puneet Gill posted at Civil Hospital Gurdaspur was arrested on the complaint of Dalip Chand of village Dehriwal Daroga, Gurdaspur. The Complainant has approached the VB and alleged that the accused doctor was demanding Rs. 25,000 for issuing his medico legal report and the deal was struck at Rs. 20,000. He further said that he had already paid Rs. 5,000 to the accused doctor.

After verifying his information, the Vigilance team laid a trap and the accused doctor was arrested on the spot while accepting bribe of Rs.10,000 from the complainant in the presence of two official witnesses.

He informed that case under Prevention of Corruption Act has been registered against both the above said accused at VB police station Amritsar and further investigations were under progress.

----------------

### ਵਿਜੀਲੈਂਸ ਬਿਓਰੋ ਪੰਜਾਬ

# ਵਿਜੀਲੈਂਸ ਵਲੋਂ 10,000 ਰੁਪਏ ਦੀ ਰਿਸ਼ਵਤ ਲੈਂਦਾ ਡਾਕਟਰ ਕਾਬੂ

ਚੰਡੀਗੜ੍ਹ, 26 ਜੂਨ: ਪੰਜਾਬ ਵਿਜੀਲੈਂਸ ਬਿਊਰੋ ਵੱਲੋਂ ਭ੍ਰਿਸ਼ਟਾਚਾਰ ਦੇ ਕੇਸ ਵਿੱਚ ਸਿਵਲ ਹਸਪਤਾਲ, ਗੁਰਦਾਸਪੁਰ ਵਿਖੇ ਤਾਇਨਾਤ ਇਕ ਡਾਕਟਰ ਨੂੰ 10,000 ਰੁਪਏ ਦੀ ਰਿਸ਼ਵਤ ਲੈਣ ਦੇ ਕੇਸ ਵਿਚ ਗ੍ਰਿਫਤਾਰ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਤਾਇਨਾਤ ਡਾਕਟਰ ਪੁਨੀਤ ਗਿੱਲ ਨੂੰ ਸ਼ਿਕਾਇਤਕਰਤਾ ਦਲੀਪ ਚੰਦ ਵਾਸੀ ਪਿੰਡ ਡੇਹਰੀਵਾਲ ਦਰੋਗਾ, ਗੁਰਦਾਸਪੁਰ ਦੀ ਸ਼ਿਕਾਇਤ ’ਤੇ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਕਾਬੂ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਸ ਨੂੰ ਇਕ ਝਗੜੇ ਉਪਰੰਤ ਲੱਗਿਆਂ ਸੱਟਾਂ ਦੀ ਡਾਕਟਰੀ ਰਿਪੋਰਟ ਤਿਆਰ ਕਰਨ ਬਦਲੇ ਉਕਤ ਡਾਕਟਰ ਵਲੋਂ 25,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 20,000 ਰੁਪਏ ਵਿਚ ਤੈਅ ਹੋਇਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਵਲੋਂ ਪਹਿਲਾਂ ਹੀ 5,000 ਰੁਪਏ ਉਕਤ ਡਾਕਟਰ ਨੂੰ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਡਾਕਟਰ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 10,000 ਰੁਪਏ ਦੀ ਰਿਸ਼ਵਤ ਲੈਂਦਿਆਂ ਦਬੋਚ ਲਿਆ ਅਤੇ ਉਕਤ ਦੋਸ਼ੀ ਖਿਲਾਫ਼ ਵਿਜੀਲੈਂਸ ਬਿਓਰੋ ਨੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਅੰਮ੍ਰਿਤਸਰ ਸਥਿਤ ਵਿਜੀਲੈਂਸ ਬਿਓਰੋ ਦੇ ਥਾਣੇ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।